ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

# ਜ਼ਿਲ੍ਹੇ ਦੇ ਫ਼ਰਦ ਕੇਂਦਰਾਂ ਰਾਹੀਂ 37,963 ਜ਼ਮੀਨ ਮਾਲਕਾਂ ਨੂੰ ਜਮੀਨੀ ਰਿਕਾਰਡ ਦੇ 2,62,305 ਪੰਨੇ ਮੁਹੱਈਆ ਕਰਵਾਏ ਗਏ-ਡਿਪਟੀ ਕਮਿਸ਼ਨਰ

- **ਫ਼ਰਦਾਂ ਤੋਂ 52.46 ਲੱਖ ਰੁਪਏ ਦੀ ਸਰਕਾਰੀ ਫ਼ੀਸ ਦੀ ਹੋਈ ਵਸੂਲੀ**
- **ਫ਼ਰਦ ਕੇਂਦਰ, ਜਮੀਨ ਮਾਲਕਾਂ ਲਈ ਹੋ ਰਹੇ ਨੇ ਵਰਦਾਨ ਸਾਬਤ**

ਮੋਗਾ 10 ਅਗਸਤ:

ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਕਿਸਾਨਾਂ ਅਤੇ ਹੋਰ ਜ਼ਮੀਨ ਮਾਲਕਾਂ ਨੂੰ ਆਪਣੇ ਜ਼ਮੀਨੀ ਰਿਕਾਰਡ ਦੀਆਂ ਫ਼ਰਦਾਂ ਆਦਿ ਲੈਣ ਲਈ ਜ਼ਿਲ੍ਹਾ ਪੱਧਰ, ਸਬ ਡਵੀਜ਼ਨ ਅਤੇ ਸਬ ਤਹਿਸੀਲ ਪੱਧਰ 'ਤੇ ਖੋਲ੍ਹੇ ਗਏ ਫ਼ਰਦ ਕੇਂਦਰ ਜ਼ਮੀਨ ਮਾਲਕਾਂ ਲਈ ਵਰਦਾਨ ਸਾਬਤ ਹੋ ਰਹੇ ਹਨ.

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮੋਗਾ ਸ. ਦਿਲਰਾਜ ਸਿੰਘ ਆਈ.ਏ.ਐਸ ਨੇ ਦੱਸਿਆ ਕਿ ਜ਼ਿਲ੍ਹੇ 'ਚ ਚੱਲ ਰਹੇ ਫ਼ਰਦ ਕੇਂਦਰਾਂ ਰਾਹੀਂ ਇਸ ਚਾਲੂ ਮਾਲੀ ਸਾਲ ਦੌਰਾਨ 1 ਅਪ੍ਰੈਲ 2017 ਤੋਂ 31 ਜੁਲਾਈ 2017 ਤੱਕ 37,963 ਜ਼ਮੀਨ ਮਾਲਕਾਂ ਨੂੰ ਜ਼ਮੀਨੀ ਰਿਕਾਰਡ ਦੇ 2,62,305 ਪੰਨੇ ਮੁਹੱਈਆ ਕਰਵਾਏ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਵੱਖ-ਵੱਖ ਫ਼ਰਦ ਕੇਂਦਰਾਂ ਰਾਹੀਂ ਜ਼ਮੀਨ ਮਾਲਕਾਂ ਨੂੰ 20 ਰੁਪਏ ਪ੍ਰਤੀ ਪੰਨਾ ਵਸੂਲ ਕੇ 15 ਮਿੰਟਾਂ 'ਚ ਫ਼ਰਦ ਮੁਹੱਈਆ ਕਰਵਾ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਮੋਗਾ ਜ਼ਿਲ੍ਹੇ ਵਿੱਚ ਮੋਗਾ, ਬਾਘਾਪੁਰਾਣਾ, ਨਿਹਾਲ ਸਿੰਘ ਵਾਲਾ, ਧਰਮਕੋਟ ਅਤੇ ਬੱਧਨੀ ਕਲਾਂ ਵਿਖੇ ਫ਼ਰਦ ਕੇਂਦਰ ਕੰਮ ਕਰ ਰਹੇ ਹਨ।

ਡਿਪਟੀ ਕਮਿਸ਼ਨਰ ਸ. ਦਿਲਰਾਜ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਫ਼ਰਦ ਕੇਂਦਰ ਮੋਗਾ ਤੋਂ 11,755 ਜ਼ਮੀਨ ਮਾਲਕਾਂ ਨੂੰ 79,654 ਪੰਨੇ ਨਕਲਾਂ ਜਾਰੀ ਕੀਤੀਆਂ ਗਈਆਂ। ਇਸੇ ਤਰ੍ਹਾਂ ਫ਼ਰਦ ਕੇਂਦਰ ਬਾਘਾਪੁਰਾਣਾ ਤੋਂ 8,869, ਨਿਹਾਲ ਸਿੰਘ ਵਾਲਾ ਤੋਂ 5,977, ਧਰਮਕੋਟ ਤੋਂ 8,691 ਅਤੇ ਫ਼ਰਦ ਕੇਂਦਰ ਬੱਧਨੀ ਕਲਾਂ ਤੋਂ 2,671 ਜ਼ਮੀਨ ਮਾਲਕਾਂ ਨੂੰ ਜ਼ਮੀਨੀ ਰਿਕਾਰਡ ਦੀਆਂ ਨਕਲਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਇੰਨ੍ਹਾਂ ਫ਼ਰਦਾਂ ਤੋਂ 52,46,100 ਰੁਪਏ ਦੀ ਸਰਕਾਰੀ ਫ਼ੀਸ ਦੀ ਵਸੂਲੀ ਹੋਈ ਹੈ। ਉਨ੍ਹਾਂ ਦੱਸਿਆ ਕਿ ਇਹ ਫ਼ਰਦ ਕੇਂਦਰ ਕਿਸਾਨਾਂ ਲਈ ਵਰਦਾਨ ਸਿੱਧ ਹੋ ਰਹੇ ਹਨ, ਕਿਉਂਕਿ ਫ਼ਰਦ ਕੇਂਦਰਾਂ ਵਿੱਚ ਜ਼ਮੀਨ ਮਾਲਕ ਜ਼ਮੀਨੀ ਰਿਕਾਰਡ ਜਾਂ ਫ਼ਰਦ ਦੀ ਕਾਪੀ ਆਦਿ ਮਿੰਟਾਂ ਵਿੱਚ ਹੀ ਹਾਸਲ ਕਰ ਲੈਂਦੇ ਹਨ, ਜਿਸ ਨਾਲ ਹੁਣ ਲੋਕਾਂ ਨੂੰ ਖ਼ੱਜਲ-ਖ਼ੁਆਰ ਨਹੀਂ ਹੋਣਾ ਪੈਂਦਾ ਅਤੇ ਲੋਕਾਂ ਦੇ ਪੈਸੇ ਅਤੇ ਸਮੇਂ ਦੀ ਬੱਚਤ ਵੀ ਹੁੰਦੀ ਹੈ।

ਇਨ੍ਹਾਂ ਫ਼ਰਦ ਕੇਂਦਰ ਵਿੱਚ ਆਏ ਕਿਸਾਨਾਂ ਤੇ ਆਮ ਲੋਕਾਂ ਨੇ ਦੱਸਿਆ ਕਿ ਹੁਣ ਉਨ੍ਹਾਂ ਨੂੰ ਜਮਾਂਬੰਦੀ ਲੈਣ ਲਈ ਕਿਸੇ ਸਿਫ਼ਾਰਸ਼ ਦੀ ਲੋੜ ਨਹੀਂ ਤੇ ਨਾ ਹੀ ਪਟਵਾਰੀਆਂ ਦੇ ਚੱਕਰ ਕੱਟਣੇ ਪੈਂਦੇ ਹਨ, ਸਗੋਂ 20 ਰੁਪਏ ਪ੍ਰਤੀ ਪੰਨਾ ਖਰਚ ਕੇ ਫ਼ਰਦ ਕੇਂਦਰਾਂ ਤੋਂ 5 ਤੋਂ 15 ਮਿੰਟਾਂ 'ਚ ਆਸਾਨੀ ਨਾਲ ਜਮਾਂਬੰਦੀ ਦੀ ਫ਼ਰਦ ਪ੍ਰਾਪਤ ਹੋ ਜਾਂਦੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵੈੱਬਸਾਈਟ www.plrs.org.in 'ਤੇ ਕੋਈ ਵੀ ਜ਼ਮੀਨ ਮਾਲਕ ਆਪਣੇ ਜ਼ਮੀਨੀ ਰਿਕਾਰਡ ਨੂੰ ਵੇਖ ਸਕਦਾ ਹੈ ਅਤੇ ਇਸ ਦੀ ਕਾਪੀ ਦਾ ਪ੍ਰਿੰਟ ਆਊਟ ਵੀ ਲੈ ਸਕਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪ੍ਰਸ਼ਾਸਕੀ ਸੁਧਾਰਾਂ ਤਹਿਤ ਸਮੂਹ ਨਾਗਰਿਕ ਸੇਵਾਵਾਂ ਇੱਕ ਛੱਤ ਹੇਠ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਸਰਕਾਰ ਦੀ ਇਹ ਵੀ ਸੰਭਵ ਕੋਸ਼ਿਸ਼ ਹੈ ਕਿ ਫ਼ਰਦ ਕੇਂਦਰਾਂ ਵਿੱਚ ਆਉਣ ਵਾਲੇ ਲੋਕਾਂ ਨੂੰ ਢੁੱਕਵਾਂ ਮਾਹੌਲ ਮਿਲ ਸਕੇ ਅਤੇ ਉਨ੍ਹਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਜ਼ਿਲ੍ਹਾ ਸਿਸਟਮ ਮੈਨੇਜਰ ਪੰਜਾਬ ਲੈਂਡ ਰਿਕਾਰਡ ਸੋਸਾਇਟੀ ਸੁਰਿੰਦਰ ਅਰੋੜਾ ਨੇ ਦੱਸਿਆ ਕਿ ਜ਼ਿਲ੍ਹੇ ਦੇ ਫ਼ਰਦ ਕੇਂਦਰਾਂ ਤੋਂ ਕਿਸਾਨਾਂ ਨੂੰ ਵਿਸ਼ੇਸ਼ ਸਟੇਸ਼ਨਰੀ ਤੇ ਪ੍ਰਿੰਟ ਕੀਤੀ ਹੋਈ ਤਸਦੀਕ-ਸ਼ੁਦਾ ਕਾਪੀ ਮੁਹੱਈਆ ਕਰਵਾਈ ਜਾਂਦੀ ਹੈ।

------------------

ਨੰ: ਪੀ.ਆਰ(ਪ੍ਰੈ ਰੀ)2017/435